ਰਾਗੁ ਸੋਰਠਿ ਬਾਣੀ ਭਗਤ ਨਾਮਦੇ ਜੀ ਕੀ ਘਰੁ ੨ ੧ੴ ਸਤਿਗੁਰ ਪ੍ਰਸਾਦਿ ॥ ਜਬ ਦੇਖਾ ਤਬ ਗਾਵਾ ॥ ਤਉ ਜਨ ਧੀਰਜੁ ਪਾਵਾ ॥੧॥ ਨਾਦਿ ਸਮਾਇਲੋ ਰੇ ਸਤਿਗੁਰੁ ਭੇਟਿਲੇ ਦੇਵਾ ॥੧॥ ਰਹਾਉ ॥ ਜਹ ਝਿਲਿ ਮਿਲਿ ਕਾਰੁ ਦਿਸੰਤਾ ॥ ਤਹ ਅਨਹਦ ਸਬਦ ਬਜੰਤਾ ॥ ਜੋਤੀ ਜੋਤਿ ਸਮਾਨੀ ॥ ਮੈ ਗੁਰ ਪਰਸਾਦੀ ਜਾਨੀ ॥੨॥ ਰਤਨ ਕਮਲ ਕੋਠਰੀ ॥ ਚਮਕਾਰ ਬੀਜੁਲ ਤਹੀ ॥ ਨੇਰੈ ਨਾਹੀ ਦੂਰਿ ॥ ਨਿਜ ਆਤਮੈ ਰਹਿਆ ਭਰਪੂਰਿ ॥੩॥ ਜਹ ਅਨਹਤ ਸੂਰ ਉਜ੍ਯ੍ਯਾਰਾ ॥ ਤਹ ਦੀਪਕ ਜਲੈ ਛੰਛਾਰਾ ॥ ਗੁਰ ਪਰਸਾਦੀ ਜਾਨਿਆ ॥ ਜਨੁ ਨਾਮਾ ਸਹਜ ਸਮਾਨਿਆ ॥੪॥੧॥ {ਪੰਨਾ 656-657}

ਪਦਅਰਥ:- ਦੇਖਾ—ਦੇਖਾਂ, ਵੇਖਦਾ ਹਾਂ; ਪ੍ਰਭੂ ਦਾ ਦੀਦਾਰ ਕਰਦਾ ਹਾਂ। ਗਾਵਾ—ਗਾਵਾਂ, ਮੈਂ (ਉਸ ਦੇ ਗੁਣ) ਗਾਉਂਦਾ ਹਾਂ। ਤਉ—ਤਦੋਂ। ਜਨ—ਹੇ ਭਾਈ! ਪਾਵਾ—ਮੈਂ ਹਾਸਲ ਕਰਦਾ ਹਾਂ। ਧੀਰਜੁ—ਸ਼ਾਂਤੀ, ਅਡੋਲਤਾ, ਟਿਕਾਉ।1।

ਨਾਦਿ—ਨਾਦ ਵਿਚ, (ਗੁਰੂ ਦੇ) ਸ਼ਬਦ ਵਿਚ। ਸਮਾਇਲੋ—ਸਮਾ ਗਿਆ ਹੈ, ਲੀਨ ਹੋ ਗਿਆ ਹੈ। ਰੇ—ਹੇ ਭਾਈ! ਭੇਟਿਲੇ—ਮਿਲਾ ਦਿੱਤਾ ਹੈ। ਦੇਵਾ—ਹਰੀ ਨੇ।1। ਰਹਾਉ।

ਜਹ—ਜਿੱਥੇ, ਜਿਸ (ਮਨ) ਵਿਚ। ਝਿਲਿਮਿਲਿਕਾਰੁ—ਇੱਕ-ਰਸ ਚੰਚਲਤਾ, ਸਦਾ ਚੰਚਲਤਾ ਹੀ ਚੰਚਲਤਾ। ਦਿਸੰਤਾ—ਦਿੱਸਦੀ ਸੀ। ਤਹ—ਉੱਥੇ, ਉਸ (ਮਨ) ਵਿਚ। ਅਨਹਦ—ਇੱਕ-ਰਸ। ਸਬਦ ਬਜੰਤਾ—ਸ਼ਬਦ ਵੱਜ ਰਿਹਾ ਹੈ, ਸਤਿਗੁਰੂ ਦੇ ਸ਼ਬਦ ਦਾ ਪ੍ਰਭਾਵ ਜ਼ੋਰਾਂ ਵਿਚ ਹੈ। ਜੋਤੀ—ਪਰਮਾਤਮਾ ਦੀ ਜੋਤਿ ਵਿਚ। ਜੋਤਿ—ਮੇਰੀ ਜਿੰਦ, ਮੇਰੀ ਆਤਮਾ। ਸਮਾਨ੍ਹੀ—(ਅੱਖਰ 'ਨ' ਦੇ ਹੇਠ ਅੱਧਾ 'ਹ' ਹੈ)। ਗੁਰ ਪਰਸਾਦੀ—ਗੁਰੂ ਦੀ ਕਿਰਪਾ ਨਾਲ। ਜਾਨੀ—ਜਾਣੀ ਹੈ, ਸਾਂਝ ਪਈ ਹੈ।2।

ਕਮਲ ਕੋਠਰੀ—(ਹਿਰਦਾ-) ਕਮਲ-ਕੋਠੜੀ ਵਿਚ। ਰਤਨ—(ਰੱਬੀ ਗੁਣਾਂ ਦੇ) ਰਤਨ (ਪਏ ਹੋਏ ਸਨ, ਪਰ ਮੈਨੂੰ ਪਤਾ ਨਹੀਂ ਸੀ)। ਤਹੀ—ਉਸੇ (ਹਿਰਦੇ) ਵਿਚ। ਚਮਕਾਰ—ਲਿਸ਼ਕ, ਚਾਨਣ। ਨਿਜ ਆਤਮੈ—ਮੇਰੇ ਆਪਣੇ ਅੰਦਰ।3।

ਛੰਛਾਰਾ—ਮੱਧਮ। ਦੀਪਕ—ਦੀਵਾ। ਤਹ—ਉਸ (ਮਨ) ਵਿਚ (ਪਹਿਲਾਂ)। ਜਹ—ਜਿੱਥੇ (ਹੁਣ)। ਅਨਹਤ—ਇੱਕ-ਰਸ, ਲਗਾਤਾਰ।4।

ਜ਼ਰੂਰੀ ਨੋਟ:- ਇਸ ਸ਼ਬਦ ਦਾ ਸਹੀ ਅਰਥ ਸਮਝਣ ਲਈ ਸਤਿਗੁਰੂ ਨਾਨਕ ਦੇਵ ਜੀ ਦਾ ਸ਼ਬਦ, ਜੋ ਸੋਰਠਿ ਰਾਗ ਵਿਚ ਹੀ ਹੈ ਤੇ ਇਸ ਸ਼ਬਦ ਨਾਲ ਹਰ ਤਰ੍ਹਾਂ ਦਾ ਮੇਲ ਖਾਂਦਾ ਹੈ, ਇਸ ਸ਼ਬਦ ਦੇ ਨਾਲ ਪੜ੍ਹਨਾ ਜ਼ਰੂਰੀ ਹੈ।

ਸੋਰਠਿ ਮਹਲਾ 1 ਘਰੁ 3 ਪੰਨਾ 599 ਜਾ ਤਿਸੁ ਭਾਵਾ ਤਦ ਹੀ ਗਾਵਾ ॥ ਤਾ ਗਾਵੇ ਕਾ ਫਲੁ ਪਾਵਾ ॥ ਗਾਵੇ ਕਾ ਫਲੁ ਹੋਈ ॥ ਜਾ ਆਪੇ ਦੇਵੈ ਸੋਈ ॥1॥ਰਹਾਉ॥ ਮਨ ਮੇਰੇ ਗੁਰ ਬਚਨੀ ਨਿਧਿ ਪਾਈ ॥ ਤਾ ਤੇ ਸਚ ਮਹਿ ਰਹਿਆ ਸਮਾਈ ॥1॥ਰਹਾਉ॥ ਗੁਰ ਸਾਖੀ ਅੰਤਰਿ ਜਾਗੀ ॥ ਤਾ ਚੰਚਲ ਮਤਿ ਤਿਆਗੀ ॥ ਗੁਰ ਸਾਖੀ ਕਾ ਉਜੀਆਰਾ ॥ ਤਾ ਮਿਟਿਆ ਸਗਲ ਅੰਧਾਰਾ ॥2॥ ਗੁਰ ਚਰਨੀ ਮਨੁ ਲਾਗਾ ॥ ਤਾ ਜਮ ਕਾ ਮਾਰਗੁ ਭਾਗਾ ॥ ਭੈ ਵਿਚਿ ਨਿਰਭਉ ਪਾਇਆ ॥ ਤਾ ਸਹਜੈ ਕੈ ਘਰ ਆਇਆ ॥3॥ ਭਣਤਿ ਨਾਨਕੁ ਬੂਝੈ ਕੋ ਬੀਚਾਰੀ ॥ ਇਸੁ ਜਗ ਮਹਿ ਕਰਣੀ ਸਾਰੀ ॥ ਕਰਣੀ ਕੀਰਤਿ ਹੋਈ ॥ ਜਾ ਆਪੇ ਮਿਲਿਆ ਸੋਈ ॥4॥1॥12॥

ਦੋਹਾਂ ਸ਼ਬਦਾਂ ਨੂੰ ਰਲਾ ਕੇ ਗਹੁ ਨਾਲ ਪੜ੍ਹੋ, ਇਹਨਾਂ ਵਿਚ ਕਈ ਸੁਆਦਲੀਆਂ ਸਾਂਝੀਆਂ ਗੱਲਾਂ ਮਿਲਦੀਆਂ ਹਨ। ਦੋਹਾਂ ਸ਼ਬਦਾਂ ਦੀ ਚਾਲ ਇੱਕੋ ਜਿਹੀ ਹੈ; ਬਹੁਤ ਸਾਰੇ ਲਫ਼ਜ਼ ਸਾਂਝੇ ਹਨ; ਖ਼ਿਆਲ ਭੀ ਦੋਹਾਂ ਸ਼ਬਦਾਂ ਵਿਚ ਇੱਕੋ ਹੀ ਹੈ। ਹਾਂ, ਜਿਨ੍ਹਾਂ ਖ਼ਿਆਲਾਂ ਨੂੰ ਭਗਤ ਨਾਮਦੇਵ ਜੀ ਨੇ ਡੂੰਘੇ ਗੂੜ੍ਹ ਲਫ਼ਜ਼ਾਂ ਦੀ ਰਾਹੀਂ ਬਿਆਨ ਕੀਤਾ ਸੀ, ਉਹਨਾਂ ਨੂੰ ਸਤਿਗੁਰੂ ਨਾਨਕ ਦੇਵ ਜੀ ਨੇ ਸਾਦਾ ਤੇ ਸੁਖੱਲੇ ਲਫ਼ਜ਼ਾਂ ਵਿਚ ਪਰਗਟ ਕਰ ਦਿੱਤਾ ਹੈ; ਜਿਵੇਂ, ਝਿਲਿਮਿਲਿਕਾਰੁ—

ਚੰਚਲ ਮਤਿ; ਅਨਹਤ ਸਬਦ—ਗੁਰ ਸਾਖੀ ਕਾ ਉਜੀਆਰਾ ਆਦਿਕ।

ਇਹਨਾਂ ਸ਼ਬਦਾਂ ਵਿਚ ਇਕ ਫ਼ਰਕ ਭੀ ਦਿੱਸਦਾ ਹੈ। ਜਿਵੇਂ, ਫ਼ਰੀਦ ਜੀ ਨੇ ਆਖਿਆ:

ਪਹਿਲੈ ਪਹਰੈ ਫੁਲੜਾ ਫਲੁ ਭੀ ਪਛਾ ਰਾਤਿ ॥
ਜੋ ਜਾਗੰਨਿ ਲਹੰਨਿ ਸੇ ਸਾਈ ਕੰਨਹੁ ਦਾਤਿ ॥112॥

ਇਸ ਵਿਚ ਫ਼ਰੀਦ ਜੀ ਨੇ ਜ਼ਿਆਦਾ ਜ਼ੋਰ ਇਸ ਗੱਲ ਉੱਤੇ ਦਿੱਤਾ ਸੀ ਕਿ ਮਨੁੱਖ ਅੰਮ੍ਰਿਤ ਵੇਲੇ ਜ਼ਰੂਰ ਉੱਠ ਕੇ ਬੰਦਗੀ ਕਰੇ, ਤਾਹੀਏਂ ਸਾਈਂ ਦੇ ਦਰ ਤੋਂ ਦਾਤਿ ਮਿਲਦੀ ਹੈ; ਫ਼ਰੀਦ ਜੀ 'ਨਾਮ' ਦੀ ਪ੍ਰਾਪਤੀ ਨੂੰ ਪ੍ਰਭੂ ਦੀ ਬਖ਼ਸ਼ਸ਼ ਹੀ ਮੰਨਦੇ ਹਨ, ਪਰ ਇੱਥੇ ਵਧੀਕ ਜ਼ੋਰ ਅੰਮ੍ਰਿਤ ਵੇਲੇ ਉੱਠਣ ਉੱਤੇ ਹੈ। ਮਤਾਂ ਕੋਈ ਸਿੱਖ ਫ਼ਰੀਦ ਜੀ ਦੇ ਇਸ਼ਾਰੇ ਨੂੰ ਸਮਝੇ ਹੀ ਨਾ ਤੇ ਆਪਣੇ ਅੰਮ੍ਰਿਤ ਵੇਲੇ ਉੱਠਣ ਦੇ ਉੱਦਮ ਉੱਤੇ ਮਾਣ ਕਰਨ ਲੱਗ ਪਏ, ਸਤਿਗੁਰੂ ਨਾਨਕ ਦੇਵ ਜੀ ਨੇ ਲਫ਼ਜ਼ 'ਦਾਤਿ' ਦੀ ਰਾਹੀਂ ਇਸ ਇਸ਼ਰੇ-ਮਾਤ੍ਰ ਦੱਸੇ ਖ਼ਿਆਲ ਨੂੰ ਚੰਗੀ ਤਰ੍ਹਾਂ ਪਰਗਟ ਕਰ ਦਿੱਤਾ ਹੈ ਆਪਣਾ ਇਕ ਸ਼ਲੋਕ ਇਸ ਸ਼ਲੋਕ ਦੇ ਨਾਲ ਲਿਖ ਕੇ:

ਦਾਤੀ ਸਾਹਿਬ ਸੰਦੀਆ, ਕਿਆ ਚਲੈ ਤਿਸੁ ਨਾਲਿ ॥ ਇਕਿ ਜਾਗੰਦੇ ਨ ਲਹੰਨਿ, ਇਕਨਾ ਸੁਤਿਆ ਦੇਇ ਉਠਾਲਿ ॥113॥ ਮ: 1 ॥

ਇਸੇ ਤਰ੍ਹਾਂ, ਇਸ ਸ਼ਬਦ ਵਿਚ ਨਾਮਦੇਵ ਜੀ ਨੇ ਇਹ ਦੱਸਿਆ ਹੈ ਕਿ ਸਤਿਗੁਰੂ ਦੇ ਮਿਲਣ ਨਾਲ ਮੇਰੇ ਮਨ ਵਿਚ ਇਕ ਸੁੰਦਰ ਤਬਦੀਲੀ ਪੈਦਾ ਹੋ ਗਈ ਹੈ। ਜ਼ਿਆਦਾ ਜ਼ੋਰ ਗੁਰੂ ਦੀ ਮਿਹਰ ਉੱਤੇ ਹੈ ਤੇ ਫਿਰ ਮਨ ਦੀ ਤਬਦੀਲੀ ਉੱਤੇ। ਗੁਰੂ ਕਿਵੇਂ ਮਿਲਿਆ? ਇਹ ਗੱਲ ਉਹਨਾਂ ਇਸ਼ਾਰੇ-ਮਾਤ੍ਰ ਹੀ 'ਰਹਾਉ' ਦੀ ਤੁਕ ਵਿਚ ਦੱਸੀ ਹੈ। ਸਤਿਗੁਰੂ ਨਾਨਕ ਦੇਵ ਜੀ ਨੇ ਉਸ ਇਸ਼ਾਰੇ-ਮਾਤ੍ਰ ਦੱਸੇ ਖ਼ਿਆਲ ਨੂੰ ਚੰਗੀ ਤਰ੍ਹਾਂ ਖੁਲ੍ਹੇ ਲਫ਼ਜ਼ਾਂ ਵਿਚ ਬਿਆਨ ਕਰ ਦਿੱਤਾ ਹੈ ਕਿ ਇਹ ਸਾਰੀ ਮਿਹਰ ਪਰਮਾਤਮਾ ਦੀ ਹੁੰਦੀ ਹੈ, ਤਾਂ ਹੀ ਗੁਰੂ ਮਿਲਦਾ ਹੈ।

ਪਾਠਕ ਸੱਜਣ ਮੁੜ ਇਹਨਾਂ ਦੋਹਾਂ ਸ਼ਬਦਾਂ ਨੂੰ ਸਾਹਮਣੇ ਰੱਖ ਕੇ ਗਹੁ ਨਾਲ ਪੜ੍ਹਨ। ਕੀ ਇਹ ਗੱਲ ਯਕੀਨੀ ਨਹੀਂ ਹੈ ਕਿ ਸਤਿਗੁਰੂ ਨਾਨਕ ਦੇਵ ਜੀ ਨੇ ਇਹ ਸ਼ਬਦ ਭਗਤ ਨਾਮਦੇਵ ਜੀ ਦੇ ਸ਼ਬਦ ਨੂੰ ਚੰਗੀ ਤਰ੍ਹਾਂ ਸਪੱਸ਼ਟ ਕਰਨ ਵਾਸਤੇ ਲਿਖਿਆ ਹੈ? ਗੁਰੂ ਨਾਨਕ ਦੇਵ ਜੀ ਨੇ ਸਾਰੇ ਭਾਰਤ ਵਿਚ ਚੱਕਰ ਲਾਇਆ ਸੀ ਜਿਸ ਨੂੰ ਅਸੀਂ ਉਹਨਾਂ ਦੀ 'ਪਹਿਲੀ ਉਦਾਸੀ' ਆਖਦੇ ਹਾਂ; ਦੱਖਣ ਵਿਚ ਭੀ ਗਏ। ਨਾਮਦੇਵ ਜੀ ਸੂਬਾ ਬੰਬਈ ਦੇ ਜ਼ਿਲਾ ਸਤਾਰਾ ਦੇ ਨਗਰ ਪੰਡਰਪੁਰ ਵਿਚ ਹੀ ਬਹੁਤ ਸਮਾ ਰਹੇ, ਉੱਥੇ ਹੀ ਇਹਨਾਂ ਦਾ ਦੇਹਾਂਤ ਹੋਇਆ। ਸਾਰਾ ਭਾਰਤ ਮੂਰਤੀ-ਪੂਜਾ ਵਿਚ ਮਸਤ ਸੀ, ਕਿਤੇ ਟਾਵੇਂ ਟਾਵੇਂ ਹੀ ਰੱਬ ਦੇ ਪਿਆਰੇ ਸਨ, ਜੋ ਇੱਕ ਅਕਾਲ ਦੀ ਬੰਦਗੀ ਦਾ ਮੱਧਮ ਜਿਹਾ ਦੀਵਾ ਜਗਾ ਰਹੇ ਸਨ। ਕੀ ਇਹ ਗੱਲ ਕੁਦਰਤੀ ਨਹੀਂ ਸੀ ਕਿ ਦੱਖਣ ਵਿਚ ਜਾ ਕੇ ਇਕ ਆਪਣੇ ਹੀ ਹਮ-ਖ਼ਿਆਲ ਰੱਬੀ ਆਸ਼ਕ ਦਾ ਵਤਨ ਵੇਖਣ ਦੀ ਤਾਂਘ ਗੁਰੂ ਨਾਨਕ ਸਾਹਿਬ ਦੇ ਮਨ ਵਿਚ ਪੈਦਾ ਹੋਵੇ? ਕੀ ਇਹ ਗੱਲ ਕੁਦਰਤੀ ਨਹੀਂ ਸੀ ਕਿ ਉਸ ਨਗਰ ਜਾ ਕੇ ਸਤਿਗੁਰੂ ਜੀ ਨੇ ਉੱਥੋਂ ਭਗਤ ਨਾਮਦੇਵ ਜੀ ਦੀ ਬਾਣੀ ਭੀ ਲਿਖ ਕੇ ਸਾਂਭ ਲਈ? ਇਸ ਗੱਲ ਦਾ ਪਰਤੱਖ ਸਬੂਤ ਇਹ ਦੋਵੇਂ ਸ਼ਬਦ ਹਨ, ਜੋ ਉੱਪਰ ਲਿਖੇ ਗਏ ਹਨ। ਇਹ ਦੋਵੇਂ ਸ਼ਬਦ ਸਬੱਬ ਨਾਲ ਹੀ ਸੋਰਠਿ ਰਾਗ ਵਿਚ ਦਰਜ ਨਹੀਂ ਹੋ ਗਏ, ਸਬੱਬ ਨਾਲ ਹੀ ਦੋਹਾਂ ਦੇ ਲਫ਼ਜ਼ ਤੇ ਖ਼ਿਆਲ ਆਪੋ ਵਿਚ ਨਹੀਂ ਮਿਲ ਗਏ। ਇਹ ਸਭ ਕੁਝ ਸਤਿਗੁਰੂ ਨਾਨਕ ਦੇਵ ਜੀ ਨੇ ਆਪ ਹੀ ਕੀਤਾ। ਭਗਤ ਨਾਮਦੇਵ ਜੀ ਦੀ ਬਾਣੀ ਜੋ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਹੈ, ਸਤਿਗੁਰੂ ਨਾਨਕ ਦੇਵ ਜੀ ਨੇ ਆਪ ਹੀ ਉਹਨਾਂ ਦੇ ਵਤਨ ਤੋਂ ਲਿਆਂਦੀ ਤੇ ਸਿੱਖ ਕੌਮ ਵਾਸਤੇ ਆਪਣੀ ਬਾਣੀ ਦੇ ਨਾਲ ਸਾਂਭ ਕੇ ਰੱਖਣ ਲਈ ਲਿਆਂਦੀ। ਸਾਰਾ ਭਾਰਤ ਮੂਰਤੀ-ਪੂਜਕਾਂ ਨਾਲ ਭਰਿਆ ਪਿਆ ਸੀ, ਜੇ ਭਗਤ ਨਾਮਦੇਵ ਭੀ ਮੂਰਤੀ-ਪੂਜ ਹੁੰਦੇ, ਤਾਂ ਇਹਨਾਂ ਵਾਸਤੇ ਸਤਿਗੁਰੂ ਜੀ ਨੂੰ ਕੋਈ ਖ਼ਾਸ ਖਿੱਚ ਨਹੀਂ ਸੀ ਹੋ ਸਕਦੀ।

ਅਰਥ:- ਹੇ ਭਾਈ! ਮੈਨੂੰ ਪ੍ਰਭੂ-ਦੇਵ ਨੇ ਸਤਿਗੁਰੂ ਮਿਲਾ ਦਿੱਤਾ ਹੈ, (ਉਸ ਦੀ ਬਰਕਤਿ ਨਾਲ, ਮੇਰਾ ਮਨ) ਉਸ ਦੇ ਸ਼ਬਦ ਵਿਚ ਲੀਨ ਹੋ ਗਿਆ ਹੈ।1। ਰਹਾਉ।

(ਹੁਣ ਸ਼ਬਦ ਦੀ ਬਰਕਤਿ ਦਾ ਸਦਕਾ) ਜਿਉਂ ਜਿਉਂ ਮੈਂ ਪਰਮਾਤਮਾ ਦਾ (ਹਰ ਥਾਂ) ਦੀਦਾਰ ਕਰਦਾ ਹਾਂ ਮੈਂ (ਆਪ-ਮੁਹਾਰਾ) ਉਸ ਦੀ ਸਿਫ਼ਤਿ-ਸਾਲਾਹ ਕਰਦਾ ਹਾਂ ਤੇ ਹੇ ਭਾਈ! ਮੇਰੇ ਅੰਦਰ ਠੰਢ ਪੈਂਦੀ ਜਾਂਦੀ ਹੈ।1।

(ਹੇ ਭਾਈ!) ਜਿਸ ਮਨ ਵਿਚ ਪਹਿਲਾਂ ਚੰਚਲਤਾ ਦਿੱਸ ਰਹੀ ਸੀ ਉੱਥੇ ਹੁਣ ਇੱਕ-ਰਸ ਗੁਰ-ਸ਼ਬਦ ਦਾ ਪ੍ਰਭਾਵ ਪੈ ਰਿਹਾ ਹੈ, ਹੁਣ ਮੇਰੀ ਆਤਮਾ ਪਰਮਾਤਮਾ ਵਿਚ ਮਿਲ ਗਈ ਹੈ, ਸਤਿਗੁਰੂ ਦੀ ਕਿਰਪਾ ਨਾਲ ਮੈਂ ਉਸ ਜੋਤਿ ਨੂੰ ਪਛਾਣ ਲਿਆ ਹੈ।2।

ਮੇਰੇ ਹਿਰਦੇ-ਕਮਲ ਦੀ ਕੋਠੜੀ ਵਿਚ ਰਤਨ ਸਨ (ਪਰ ਲੁਕੇ ਹੋਏ ਸਨ); ਹੁਣ ਉੱਥੇ (ਗੁਰੂ ਦੀ ਮਿਹਰ ਸਦਕਾ, ਮਾਨੋ) ਬਿਜਲੀ ਦੀ ਲਿਸ਼ਕ (ਵਰਗਾ ਚਾਨਣ) ਹੈ (ਤੇ ਉਹ ਰਤਨ ਦਿੱਸ ਪਏ ਹਨ); ਹੁਣ ਪ੍ਰਭੂ ਕਿਤੇ ਦੂਰ ਨਹੀਂ ਜਾਪਦਾ, ਨੇੜੇ ਦਿੱਸਦਾ ਹੈ, ਮੈਨੂੰ ਆਪਣੇ ਅੰਦਰ ਹੀ ਭਰਪੂਰ ਦਿੱਸਦਾ ਹੈ।3।

ਜਿਸ ਮਨ ਵਿਚ ਹੁਣ ਇੱਕ-ਰਸ ਸੂਰਜ ਦੇ ਚਾਨਣ ਵਰਗਾ ਚਾਨਣ ਹੈ, ਇੱਥੇ ਪਹਿਲਾਂ (ਮਾਨੋ) ਮੱਧਮ ਜਿਹਾ ਦੀਵਾ ਬਲ ਰਿਹਾ ਸੀ; ਹੁਣ ਗੁਰੂ ਦੀ ਕਿਰਪਾ ਨਾਲ ਮੇਰੀ ਉਸ ਪ੍ਰਭੂ ਨਾਲ ਜਾਣ-ਪਛਾਣ ਹੋ ਗਈ ਹੈ ਤੇ ਮੈਂ ਦਾਸ ਨਾਮਦੇਵ ਅਡੋਲ ਅਵਸਥਾ ਵਿਚ ਟਿਕ ਗਿਆ ਹਾਂ।4।1।

ਨੋਟ:- ਭਗਤ-ਬਾਣੀ ਦੇ ਵਿਰੋਧੀ ਸੱਜਣ ਇਸ ਸ਼ਬਦ ਦੇ ਲਫ਼ਜ਼ "ਅਨਹਦ ਸਬਦ" ਦਾ ਹਵਾਲਾ ਦੇ ਕੇ ਆਖਦੇ ਹਨ ਕਿ ਭਗਤ ਨਾਮਦੇਵ ਜੀ ਯੋਗਾਭਿਆਸ ਅੰਦਰ ਭੀ ਵਿਚਰਦੇ ਸਨ ਕਿਉਂਕਿ ਆਪ ਜੀ ਦੀ ਰਚਨਾ ਵਿਚ ਯੋਗ ਅਭਿਆਸ ਦੀ ਝਲਕ ਪੈਂਦੀ ਹੈ। ਪਰ ਸਿਰਫ਼ ਲਫ਼ਜ਼ 'ਅਨਹਦ ਸਬਦ' ਤੋਂ ਇਹ ਗੱਲ ਸਾਬਤ ਨਹੀਂ ਹੋ ਜਾਂਦੀ। ਗੁਰੂ ਨਾਨਕ ਦੇਵ ਜੀ ਦਾ ਆਰਤੀ ਵਾਲਾ ਸ਼ਬਦ ਪੜ੍ਹ ਕੇ ਵੇਖੋ "ਅਨਹਤਾ ਸਬਦ ਵਾਜੰਤ ਭੇਰੀ"। ਕੀ ਸਤਿਗੁਰੂ ਜੀ ਨੂੰ ਯੋਗ-ਅੱਭਿਆਸੀ ਆਖ ਦਿਓਗੇ?

ਭਗਤ ਜੀ ਨੇ ਤਿੰਨ ਵਾਰੀ ਸਾਫ਼ ਲਫ਼ਜ਼ਾਂ ਵਿਚ ਆਖਿਆ ਹੈ ਕਿ ਮੈਂ ਇਹ ਲੀਨਤਾ ਸਤਿਗੁਰੂ ਦੀ ਮਿਹਰ ਨਾਲ ਹਾਸਲ ਕੀਤੀ ਹੈ। 'ਰਹਾਉ' ਵਿਚ ਹੀ ਆਖਦੇ ਹਨ ਕਿ ਮੈਨੂੰ ਪ੍ਰਭੂ ਨੇ ਗੁਰੂ ਮਿਲਾਇਆ ਹੈ। ਫਿਰ ਦੋ ਵਾਰੀ ਹੋਰ ਆਖਦੇ ਹਨ:

ਜੋਤੀ ਜੋਤ ਸਮਾਨ੍ਹੀ ॥ ਮੈ ਗੁਰ ਪਰਸਾਦੀ ਜਾਨੀ ॥<br>
ਅਤੇ<br>
ਗੁਰ ਪਰਸਾਦੀ ਜਾਨਿਆ ॥ ਜਨ ਨਾਮਾ ਸਹਜਿ ਸਮਾਨਿਆ ॥

ਇਹ ਸੱਚਾਈ ਲੁਕਾਈ ਨਹੀਂ ਜਾ ਸਕਦੀ।